# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
## ਪ੍ਰੈਸ ਨੋਟ

## ਸਰਦੀਆਂ ਦੇ ਮੌਸਮ ਨੂੰ ਦੇਖਦੇ ਹੋਏ ਪੀਣ ਵਾਲੇ ਪਾਣੀ ਦੇ ਟਿਊਬਵੈਲ ਚਲਾਉਣ ਦੇ ਸਮੇਂ ਵਿਚ ਤਬਦੀਲੀ

ਹੁਸ਼ਿਆਰਪੁਰ 20 ਦਸੰਬਰ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਦੀਆਂ ਦਾ ਮੌਸਮ ਸ਼ੁਰੂ ਹੋਣ ਕਾਰਨ ਪੀਣ ਵਾਲੇ ਪਾਣੀ ਦੀ ਖਪਤ ਘੱਟ ਗਈ ਹੈ, ਇਸ ਲਈ ਨਗਰ ਨਿਗਮ ਦੇ ਸਾਰੇ ਟਿਊਬਵੈਲਾਂ ਨੂੰ ਚਲਾਉਣ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ, ਜਿਸ ਅਨੁਸਾਰ ਸਵੇਰੇ 05:00 ਤੋਂ ਸਵੇਰੇ 10:00 ਵਜੇ ਤੱਕ ਅਤੇ ਸ਼ਾਮ 05:00 ਵਜੇ ਤੋਂ ਰਾਤ 10:00 ਵਜੇ ਤੱਕ ਪੀਣ ਵਾਲੇ ਪਾਣੀ ਦੀ ਸਪਲਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਸਰਦੀ ਦੇ ਮੌਸਮ ਦੌਰਾਨ ਸ਼ਹਿਰ ਵਿਚ ਪੀਣ ਵਾਲੇ ਪਾਣੀ ਦੀ ਖਪਤ ਘੱਟ ਜਾਣ ਨਾਲ ਜਮੀਨ ਦੋਜ਼ ਪਾਇਪਾਂ ਵਿਚ ਪ੍ਰੈਸ਼ਰ ਜਿਆਦਾ ਹੋਣ ਕਾਰਨ ਲੀਕ ਹੋ ਸਕਦੀਆਂ ਹਨ, ਜਿਸ ਨੂੰ ਦੇਖਦੇ ਹੋਏ ਟਿਊਬਵੈਲ ਚਲਾਉਣ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ। ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੀਣ ਵਾਲੇ ਸਾਫ਼-ਸੁਥਰੇ ਪਾਣੀ ਦੀ ਵਰਤੋ ਸੰਜਮ ਨਾਲ ਕਰਨ।